ਸਿਹਤ ਵਿਭਾਗ ਵਲੋਂ ਸਾਂਸ ਮੁਹਿੰਮ ਅਤੇ ਏ.ਈ. ਐਫ. ਆਈ ਪ੍ਰੋਗਰਾਮ ਸਬੰਧੀ ਰਿਵਿਊ ਵਰਕਸ਼ਾਪ ਕਰਵਾਈ

ਆਜ਼ਾਦ ਸੋਚ, ਵਿਸ਼ਾਲ ਕਟਾਰੀਆ, ਤਰਨ ਤਾਰਨ, 18 ਫਰਵਰੀ :

ਜ਼ਿਲਾ ਤਰਨ ਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਵੱਲੋਂ ਪ੍ਰਾਪਤ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਹੋਇਆਂ, ਜ਼ਿਲਾ ਟੀਕਾਕਰਨ ਅਫਸਰ, ਡਾਕਟਰ ਵਰਿੰਦਰਪਾਲ ਕੌਰ ਦੀ ਯੋਗ ਅਗਵਾਈ ਹੇਠ ਮੰਗਲਵਾਰ ਨੂੰ ਸਾਂਸ ਅਤੇ ਏ.ਈ.ਐਫ.ਆਈ ਪ੍ਰੋਗਰਾਮ ਸਬੰਧੀ ਵਰਕਸ਼ਾਪ ਦਫਤਰ ਸਿਵਲ ਸਰਜਨ ਵਿਖੇ ਲਗਾਈ ਗਈ। ਇਸ ਵਰਕਸ਼ਾਪ ਦੇ ਵਿੱਚ ਵੱਖ-ਵੱਖ ਬਲਾਕਾਂ ਤੋਂ ਨੋਡਲ ਅਫ਼ਸਰ, ਬਲਾਕ ਐਕਸਟੈਨਸ਼ਨ ਐਜੂਕੇਟਰਾਂ, ਕਮਿਊਨਿਟੀ ਹੈਲਥ ਅਫਸਰਾਂ ਅਤੇ ਸਟਾਫ ਨਰਸਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਬੱਚਿਆਂ ਦੇ ਮਾਹਿਰ ਡਾ.ਨੀਰਜ ਲਤਾ ਵੱਲੋਂ ਸਿਹਤ ਕਰਮੀਆਂ ਨੂੰ ਨਿਮੂਨੀਆ ਦੇ ਲੱਛਣਾਂ ਅਤੇ ਬਚਾਅ ਬਾਰੇ ਜਾਣਕਾਰੀ ਮੁਹਈਆ ਕਰਵਾਈ। ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਦੱਸਿਆ ਕਿ ਬੱਚਿਆਂ ਦੀ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵੱਲੋਂ ਬੱਚਿਆਂ ਵਿੱਚ ਨਿਮੋਨੀਆ ਦੀ ਰੋਕਥਾਮ ਦੇ ਮੰਤਵ ਨਾਲ ਸੋਸ਼ਲ ਅਵੈਅਰਨੈਸ ਐਂਡ ਐਕਸ਼ਨ ਟੂ ਨਿਊਟਰਲਾਇਜ ਨਿਮੂਨੀਆ (ਸਾਂਸ) ਪ੍ਰੋਗਰਾਮ ਚਲਾਇਆ ਜਾ ਰਿਹਾ ਹੈ, ਜਿਸ ਵਿੱਚ 0 ਤੋਂ 5 ਸਾਲਾਂ ਦੇ ਬੱਚਿਆਂ ਵਿੱਚ ਨਿਮੂਨੀਆ ਦੇ ਲਛਣ ਅਤੇ ਬਚਾਅ ਬਾਰੇ ਜਾਗਰੂਕਤਾ ਫੈਲਾਈ ਜਾਂਦੀ ਹੈ। ਉਹਨਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਹਰ ਸਾਲ ਨਵੰਬਰ ਮਹੀਨੇ ਤੋਂ ਫਰਵਰੀ ਮਹੀਨੇ ਤੱਕ ਸਾਂਸ ਪ੍ਰੋਗਰਾਮ ਤਹਿਤ ਯੋਗ ਬੱਚਿਆਂ ਦੀ ਨਿਮੂਨੀਆ ਨੂੰ ਲੈ ਕੇ ਸਿਹਤ ਜਾਂਚ ਕੀਤੀ ਜਾਂਦੀ ਹੈ। ਜ਼ਿਲ੍ਹਾ ਟੀਕਾਕਰਨ ਅਫ਼ਸਰ ਕਮ ਨੋਡਲ ਅਫ਼ਸਰ , ਡਾ. ਵਰਿੰਦਰ ਪਾਲ ਕੌਰ ਨੇ ਕਿਹਾ ਕਿ ਸਿਹਤ ਸੰਸਥਾਵਾਂ ਵਿਖੇ ਤੈਨਾਤ ਸੀ.ਐਚ.ਓਜ਼, ਏਐਨਐਮਜ਼ ਅਤੇ ਨਰਸਿੰਗ ਸਟਾਫ ਨੂੰ ਨਵਜਾਤ ਬੱਚਿਆਂ ਦੇ ਨਾਲ-ਨਾਲ ਹਸਪਤਾਲ ਚ ਟੀਕਾਕਰਨ ਲਈ ਆਉਣ ਵਾਲੇ ਬੱਚਿਆਂ ਦੇ ਆਕਸੀਜਨ ਲੈਵਲ ਅਤੇ ਸਿਹਤ ਜਾਂਚ ਕਰਨ ਦੀ ਹਦਾਇਤ ਜਾਰੀ ਕੀਤੀ। ਡਾ. ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਛੋਟੇ ਬੱਚਿਆਂ ਨੂੰ ਨਿਮੂਨੀਆ ਤੋਂ ਬਚਾਉਣ ਲਈ ਸਾਂਸ ਮੁਹਿੰਮ ਬਾਰੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿੱਖੇ ਮਾਸ ਮੀਡੀਆ ਵਿੰਗ ਅਤੇ ਫੀਲਡ ਸਟਾਫ ਵੱਲੋਂ ਨਿਰੰਤਰ ਜਾਗਰੂਕਤਾ ਫੈਲਾਈ ਜਾ ਰਹੀ ਹੈ, ਤਾਂ ਜੋਂ ਵੱਧ ਤੋਂ ਵੱਧ ਨਾਗਰਿਕਾਂ ਨੂੰ ਨਵਜੰਮਿਆਂ ਅਤੇ ਛੋਟੇ ਬੱਚਿਆਂ ਦੀ ਸਾਂਭ ਸੰਭਾਲ ਬਾਰੇ ਜ਼ਰੂਰੀ ਜਾਣਕਾਰੀ ਮੁਹੱਇਆ ਕਰਵਾਈ ਜਾ ਰਹੀ ਹੈ। ਉਨਾਂ ਦਸਿਆ ਕਿ ਬੱਚੇ ਦੇ ਮਾਤਾ ਪਿਤਾ ਨੂੰ ਠੰਡ ਦੇ ਮੌਸਮ ਦੌਰਾਨ ਬੱਚਿਆਂ ਦੀ ਸਾਂਭ ਸੰਭਾਲ ਬਾਰੇ ਜੇਕਰ ਚੰਗੀ ਤਰਾਂ ਪਤਾ ਹੋਵੇਗਾ, ਤਾਂ ਬੱਚੇ ਨੂੰ ਨਿਮੂਨੀਆ ਵਰਗੀ ਬਿਮਾਰੀ ਤੋਂ ਬਚਾਇਆ ਜਾ ਸਕਦਾ ਹੈ।ਡਾਕਟਰ ਵਰਿੰਦਰ ਪਾਲ ਕੌਰ ਨੇ ਦੱਸਿਆ ਕਿ ਜੇਕਰ ਮਾਪਿਆਂ ਨੂੰ ਬੱਚਿਆਂ ਦੇ ਵਿੱਚ ਨਿਮੂਨੀਆ ਦੇ ਲੱਛਣ ਜਿਵੇਂ ਕਿ ਸਾਹ ਲੈਣ ਵਿੱਚ ਦਿੱਕਤ, ਖੰਘ ਅਤੇ ਜ਼ੁਕਾਮ ਦਾ ਵੱਧਣਾ, ਤੇਜੀ ਨਾਲ ਸਾਹ ਲੈਣਾ, ਤੇਜ਼ ਬੁਖਾਰ ਹੋਣਾ ਅਤੇ ਸਾਹ ਲੈਂਦੇ ਸਮੇਂ ਪਸਲੀ ਚੱਲਣਾ ਜਾ ਛਾਤੀ ਦਾ ਥੱਲੇ ਧੱਸਣਾ ਪ੍ਰਮੁੱਖ ਹਨ। ਇਸ ਤੋਂ ਇਲਾਵਾ ਡਾ. ਵਰਿੰਦਰਪਾਲ ਕੌਰ ਨੇ ਦੱਸਿਆ ਕਿ ਏ.ਈ.ਐਫ.ਆਈ ਪ੍ਰੋਗਰਾਮ ਤਹਿਤ ਸਿਹਤ ਕਰਮੀਆਂ ਨੂੰ ਟੀਕਾਕਰਨ ਉਪਰੰਤ ਜੇਕਰ ਬੱਚੇ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ, ਤਾਂ ਉਸਦਾ ਤੁਰੰਤ ਕਿਹੜਾ ਇਲਾਜ ਕਰਨਾ ਚਾਹੀਦਾ ਹੈ, ਉਸ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਸਿਹਤ ਕਰਮੀਆਂ ਨੂੰ ਏ ਈ ਐਫ ਆਈ ਕਿਟ ਵਿਚ ਮੌਜੂਦ ਜੀਵਨ ਰੱਖਿਅਕ ਦਵਾਈਆਂ ਬਾਰੇ ਵੀ ਦੱਸਿਆ ਗਿਆ। ਬੱਚਿਆਂ ਦੇ ਮਾਹਿਰ, ਡਾ. ਨੀਰਜ ਲੱਤਾ ਨੇ ਦੱਸਿਆ ਸਿਹਤ ਸੰਸਥਾਵਾਂ ਵਿਖੇ ਜਨਮ ਲੈਣ ਵਾਲੇ ਨਵਜਾਤ ਬੱਚਿਆਂ ਦੇ ਆਕਸੀਜਨ ਲੈਵਲ ਦੀ ਸਿਹਤ ਕਰਮੀਆਂ ਵੱਲੋਂ ਨਿਰੰਤਰ ਜਾਂਚ ਕੀਤੀ ਜਾਵੇ। ਉਹਨਾਂ ਕਿਹਾ ਕਿ ਜੇਕਰ ਬੱਚਾ ਚੰਗੀ ਤਰ੍ਹਾਂ ਖਾ ਪੀ ਨਹੀਂ ਰਿਹਾ, ਸੁਸਤ ਰਹਿ ਰਿਹਾ ਹੈ, ਉਲਟੀਆਂ ਜਾਂ ਫਿਰ ਬੱਚੇ ਨੂੰ ਕਿਸੇ ਤਰ੍ਹਾਂ ਦਾ ਦੌਰਾ ਪੈ ਰਿਹਾ ਹੋਵੇ, ਤਾਂ ਅਜਿਹੀ ਸੂਰਤ ਵਿੱਚ ਬਿਨਾਂ ਸਮਾਂ ਗਵਾਏ ਮਾਤਾ ਪਿਤਾ ਤੁਰੰਤ ਸਿਹਤ ਸੰਸਥਾ ਵਿਖੇ ਇਲਾਜ ਲਈ ਜਾਣ।

ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ ਵੱਲੋਂ ਪਲੇਸਮੈਂਟ ਕੈਂਪ 19 ਨੂੰ

ਆਜ਼ਾਦ ਸੋਚ, ਵਿਸ਼ਾਲ ਕਟਾਰੀਆ, ਤਰਨ ਤਾਰਨ, 18 ਫਰਵਰੀ:

ਬੇਰੋਜ਼ਗਾਰ ਨੌਜਵਾਨ ਪ੍ਰਾਰਥੀਆਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਤੇ ਡਿਪਟੀ ਕਮਿਸ਼ਨਰ ਤਰਨ ਤਾਰਨ ਸ਼੍ਰੀ ਰਾਹੁਲ ਆਈ. ਏ. ਐਸ ਦੇ ਦਿਸ਼ਾ-ਨਿਰਦੇਸ਼ਾ ਅਤੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਤਰਨ ਤਾਰਨ ਸ਼੍ਰੀ ਸੰਜੀਵ ਕੁਮਾਰ ਸ਼ਰਮਾ ਦੀ ਰਹਿਨੁਮਾਈ ਹੇਠ ਮਿਤੀ 19 ਫਰਵਰੀ ਨੂੰ ਸਵੇਰੇ 10:00 ਵਜੇ ਤੋਂ 01 ਵਜੇ ਤੱਕ ਜਿਲ੍ਹਾ ਰੋਜਗਾਰ ਅਤੇ ਕਾਰੋਬਾਰ ਬਿਊਰੋ ਤਰਨ ਤਾਰਨ, ਕਮਰਾ ਨੰਬਰ 115, ਪਹਿਲੀ ਮੰਜਿਲ, ਡੀ. ਸੀ ਦਫਤਰ ਕੰਪਲੈਕਸ, ਸਰਹਾਲੀ ਰੋਡ (ਪਿੰਡ ਪਿੱਦੀ) ਤਰਨ ਤਾਰਨ ਵਿਖੇ ਪਲੇਸਮੈਂਟ ਕੈਂਪ ਲਗਾਇਆ ਜਾ ਰਿਹਾ ਹੈ। ਇਸ ਸਬੰਧ ਵਿੱਚ ਜਾਣਕਾਰੀ ਦਿੰਦੇ ਹੋਏ ਸ਼੍ਰੀ ਵਿਕਰਮ ਜੀਤ, ਜਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫਸਰ, ਵੱਲੋਂ ਬੇਰੋਜਗਾਰ ਉਮੀਦਵਾਰਾ ਨੂੰ ਇਸ ਪਲੇਸਮੈਂਟ ਕੈਂਪ ਵਿੱਚ ਵੱਧ ਤੋਂ ਵੱਧ ਭਾਗ ਲੈਣ ਲਈ ਕਿਹਾ ਗਿਆ ਹੈ, ਪਲੇਸਮੈਂਟ ਕੈਂਪ ਵਿੱਚ ਰਕਸ਼ਾ ਸਕਿਉਰਿਟੀ ਸਰਵਿਸਜ਼ ਲਿਮਟਿਡ (ਜੀ. ਐਮ. ਆਰ. ਗਰੁੱਪ) ਅਤੇ ਕੇਅਰ ਹੈਲਥ ਕੰਪਨੀ ਭਾਗ ਲੈ ਰਹੀ ਹੈ। ਪਲੇਸਮੈਂਟ ਲਈ ਰਕਸ਼ਾ ਸਕਿਉਰਿਟੀ ਕੰਪਨੀ ਨੂੰ ਸਕਿਉਰਟੀ ਗਾਰਡ ਲਈ ਫਰੈਸ਼ਰ ਅਤੇ ਸਾਬਕਾ ਫੌਜੀਆਂ ਉਮੀਦਵਾਰਾਂ ਦੀ ਜਰੂਰਤ ਹੈ, ਸਾਬਕਾ ਫੌਜੀਆਂ ਲਈ ਯੋਗਤਾ ਘੱਟੋ-ਘੱਟ ਦਸਵੀਂ ਪਾਸ (ਤਨਖਾਹ 25000 ਰੁਪਏ ਸਮੇਤ ਈ. ਐੱਸ. ਆਈ. + ਈ. ਪੀ. ਐੱਫ.) ਉਮਰ ਹੱਦ ਵੱਧ ਤੋਂ ਵੱਧ 40 ਸਾਲ ਹੋਵੇ ਅਤੇ ਇਸ ਤੋਂ ਇਲਾਵਾ ਕੰਪਨੀ ਨੂੰ ਫਰੈਸ਼ਰ ਉਮੀਦਵਾਰਾਂ ਦੀ ਵੀ ਜਰੂਰਤ ਹੈ, ਘੱਟੋ-ਘੱਟ ਯੋਗਤਾ ਦਸਵੀਂ ਪਾਸ (ਤਨਖਾਹ 16500 ਤੋਂ 26000 ਰੁਪਏ ਸਮੇਤ ਈ. ਐੱਸ. ਆਈ. + ਈ. ਪੀ. ਐੱਫ) ਇਨ੍ਹਾਂ ਅਸਾਮੀਆਂ ਲਈ ਲੜਕਿਆਂ ਦੀ ਲੰਬਾਈ 5 ਫੁੱਟ 6 ਇੰਚ ਅਤੇ ਲੜਕੀਆਂ ਦੀ ਲੰਬਾਈ 5 ਫੁੱਟ 2 ਇੰਚ, ਉਮਰ ਹੱਦ ਲੜਕੇ 18 ਤੋਂ 35 ਸਾਲ ਅਤੇ ਲੜਕੀਆ 20 ਤੋਂ 35 ਸਾਲ, ਅਤੇ ਕੇਅਰ ਹੈਲਥ ਕੰਪਨੀ ਨੂੰ ਸੇਲਜ ਮੈਨੇਜ਼ਰਾ ਦੀ ਲੋੜ ਹੈ, ਉਮਰ 18 ਤੋਂ 35 ਸਾਲ ਤਨਖਾਹ 15000 ਤੋਂ 20000 ਰੁਪਏ) ਯੋਗਤਾ +2 ਅਤੇ ਗਰੇਜੂਏਸ਼ਨ, ਲੜਕੇ ਅਤੇ ਲੜਕੀਆ ਇਸ ਕੈਂਪ ਵਿੱਚ ਭਾਗ ਲੈ ਸਕਦੇ ਹਨ। ਵਧੇਰੇ ਜਾਣਕਾਰੀ ਲਈ ਜਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਤਰਨ ਤਾਰਨ ਦੇ ਹੈਲਪਲਾਈਨ ਨੰਬਰ 77173-97013 ਤੇ ਸੰਪਰਕ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਵੱਲੋਂ 21 ਫਰਵਰੀ ਤੋਂ ਸ਼ੁਰੂ ਹੋਣ ਵਾਲੇ ਨੇਚਰ ਫੈਸਟ ਦੀਆਂ ਤਿਆਰੀਆਂ ਦਾ ਜਾਇਜ਼ਾ

ਆਜ਼ਾਦ ਸੋਚ, ਤੇਜਿੰਦਰ ਸਿੰਘ, ਹੁਸ਼ਿਆਰਪੁਰ, 18 ਫਰਵਰੀ :

ਪੰਜਾਬ ਸਰਕਾਰ ਵਲੋਂ ਸਥਾਨਕ ਲਾਜਵੰਤੀ ਸਪੋਰਟਸ ਸਟੇਡੀਅਮ ਵਿਖੇ 21 ਫਰਵਰੀ ਤੋਂ ਕਰਵਾਏ ਜਾ ਰਹੇ ਨੇਚਰ ਫੈਸਟ ਦੀਆਂ ਤਿਆਰੀਆਂ ਦਾ ਅੱਜ ਇਥੇ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਪੁਖਤਾ ਪ੍ਰਬੰਧ ਅਮਲ ਵਿਚ ਲਿਆਂਦੇ ਜਾਣ ਤਾਂ ਜੋ ਲੋਕ ਨੇਚਰ ਫੈਸਟ ਦਾ ਆਨੰਦ ਮਾਣ ਸਕਣ।ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਪੰਜ ਦਿਨਾਂ ਨੇਚਰ ਫੈਸਟ ਦੌਰਾਨ ਹੋਣ ਵਾਲੀਆਂ ਵੱਖ-ਵੱਖ ਗਤੀਵਿਧੀਆਂ ਦੀਆਂ ਤਿਆਰੀਆਂ ਬਾਰੇ ਜਾਣਕਾਰੀ ਹਾਸਲ ਕਰਦਿਆਂ ਕਿਹਾ ਕਿ 21 ਫਰਵਰੀ ਨੂੰ ਪੌਂਗ ਡੈਮ ਵਿਖੇ ਬਰਡ ਵਾਚਿੰਗ ਨਾਲ ਫੈਸ ਦੀ ਸ਼ੁਰੂਆਤ ਹੋਵੇਗੀ ਅਤੇ ਸ਼ਾਮ ਨੂੰ ਲਾਜਵੰਤੀ ਸਪੋਰਟਸ ਸਟੇਡੀਅਮ ਵਿਖੇ ਪੰਜਾਬੀ ਗਾਇਕ ਅਲਾਪ ਸਿਕੰਦਰ ਆਪਣੀ ਗਾਇਕੀ ਨਾਲ ਸਰੋਤਿਆਂ ਦਾ ਮਨੋਰੰਜਨ ਕਰਨਗੇ।ਉਨ੍ਹਾਂ ਕਿਹਾ ਕਿ ਸਮਾਗਮ ਨੂੰ ਨਿਰਵਿਘਨ ਢੰਗ ਨਾਲ ਕਰਵਾਉਣ ਅਤੇ ਯਾਦਗਾਰੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਯਕੀਨੀ ਬਣਾਏ ਜਾਣ ਅਤੇ ਸਬੰਧਤ ਵਿਭਾਗ ਲੋੜੀਂਦੀਆਂ ਤਿਆਰੀਆਂ ਨੂੰ ਸਮੇਂ ਸਿਰ ਮੁਕੰਮਲ ਕਰਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਦੂਜੇ ਦਿਨ ਵੀ ਵੱਖ-ਵੱਖ ਗਤੀਵਿਧੀਆਂ ਜਾਰੀ ਰਹਿਣਗੀਆਂ,ਜਿਨ੍ਹਾਂ ਵਿੱਚ ਸੋਲਿਸ ਅਤੇ ਥਰੋਲੀ ਵਿਖੇ ਨਾਈਟ ਕੈਂਪਿੰਗ ਅਤੇ ਲਾਜਵੰਤੀ ਸਟੇਡੀਅਮ ਵਿਖੇ ਸਾਈਕਲੋਥੋਨ ਤੋਂ ਇਲਾਵਾ ਵਨ ਚੇਤਨਾ ਪਾਰਕ ਵਿਖੇ ਕਿਡਜ਼ ਕਾਰਨੀਵਾਲ ਅਤੇ 23 ਫਰਵਰੀ ਨੂੰ ਸਟੇਡੀਅਮ ਵਿਖੇ ਭਾਰਤ ਬਨਾਮ ਪਾਕਿਸਤਾਨ ਮੈਚ ਦੀ ਸਕਰੀਨਿੰਗ ਕੀਤੀ ਜਾਵੇਗੀ। ਆਫ਼-ਰੋਡਿੰਗ ਬਾਰੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਕੂਕਾਨੇਟ ਵਿਖੇ ਆਫ਼ ਰੋਡਿੰਗ ਹੋਵੇਗੀ, ਜਿਸ ਵਿੱਚ ਭਾਗ ਲੈਣ ਵਾਲਿਆਂ ਦੀ ਸਹੂਲਤ ਲਈ ਲੋੜੀਂਦੇ ਇੰਤਜ਼ਾਮ ਕੀਤੇ ਜਾ ਰਹੇ ਹਨ। ਨੇਚਰ ਰੀਟ੍ਰੀਟ, ਚੌਹਾਲ ਵਿਖੇ ਲੋਕ ਬੂਟਿੰਗ ਅਤੇ ਜੰਗਲ ਸਫਾਰੀ ਦਾ ਆਨੰਦ ਮਾਨਣਗੇ। ਉਨ੍ਹਾਂ ਦੱਸਿਆ ਕਿ 25 ਫਰਵਰੀ ਦੀ ਸ਼ਾਮ ਨੂੰ ਗਾਇਕ ਕੰਵਰ ਗਰੇਵਾਲ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ ਜਿਸ ਉਪਰੰਤ ਨੇਚਰ ਫੈਸਟ ਦੀ ਸਮਾਪਤੀ ਹੋਵੇਗੀ।ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਨੇਚਰ ਫੈਸਟ ਵਿੱਚ ਵਧ-ਚੜ੍ਹ ਕੇ ਸ਼ਮੂਲੀਅਤ ਕਰਨ ਦਾ ਸੱਦਾ ਦਿੰਦਿਆਂ ਕਿਹਾ ਕਿ ਪ੍ਰਸ਼ਾਸਨ ਵਲੋਂ ਫੈਸਟ ਸਬੰਧੀ ਲੋਕਾਂ ਨੂੰ ਜਾਣੂ ਕਰਵਾਉਣ ਲਈ ਵੈੱਬਸਾਈਟ ਸਥਾਪਿਤ ਕੀਤੀ ਗਈ ਹੈ ਅਤੇ ਹੈਲਪਲਾਈਨ ਨੰਬਰ 90565-68870 ਵੀ ਜਾਰੀ ਕੀਤਾ ਗਿਆ ਹੈ।

ਕੇਰਲਾ ਹੋਈਆਂ ਥਾਈ ਬਾਕਸਿੰਗ ਦੀਆ ਖੇਡਾਂ 'ਚ ਘੁਰਕਵਿੰਡ ਦੀਆਂ ਦੋ ਖਿਡਾਰਨਾਂ ਨੇ ਮਾਰੀਆਂ ਮੱਲਾਂ

ਆਜ਼ਾਦ ਸੋਚ, ਕੰਵਲਜੀਤ ਬੇਗੋਪੁਰ, ਝਬਾਲ ਕਲਾਂ,18 ਫਰਵਰੀ :

ਕੇਰਲਾ ਚੋਂ ਹੋਈਆਂ ਗੇਮਾਂ ਵਿੱਚ ਤਰਨ ਤਾਰਨ ਜ਼ਿਲ੍ਹੇ ਦੇ ਪਿੰਡ ਘੁਰਕਵਿੰਡ ਦੀਆਂ ਦੋ ਖਿਡਾਰਨਾ ਨੇ ਮਾਰੀਆਂ ਮੱਲਾਂ ਮਾਰੀਆਂ ਹਨ। ਕੁਲਵਿੰਦਰ ਕੌਰ ਪੁੱਤਰੀ ਦਲਬੀਰ ਸਿੰਘ ਅਤੇ ਪ੍ਰੀਆ ਪੁੱਤਰੀ ਸੁਖਵਿੰਦਰ ਸਿੰਘ ਨੇ ਥਾਈ ਬਾਕਸਿੰਗ ਦੀਆ ਖੇਡਾਂ ਚ ਬਲੈਕ ਬੈਲਟ, ਗੋਲਡ ਮੈਡਲ ਅਤੇ ਟਰਾਫੀ ਜਿੱਤ ਕੇ ਪਿੰਡ ਇਲਾਕੇ ਅਤੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ। ਮਾਤਾ ਭਿੰਦਰ ਕੌਰ ਅਤੇ ਮਾਤਾ ਸਿੰਦਰ ਕੌਰ ਦੇ ਕੁੱਖੋ ਜੰਮੀਆਂ ਇਹਨਾਂ ਦੋ ਧੀਆਂ ਦੇ ਗੇਮਾਂ ਜਿੱਤ ਕੇ ਪਿੰਡ ਪੁੱਜਣ ਤੇ ਪਿੰਡ ਵਾਸੀਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਬੱਸ ਅੱਡੇ ਤੋਂ ਢੋਲ ਵਜਾ ਅਤੇ ਭੰਗੜੇ ਪਾ ਕੇ ਪਿੰਡ ਲਿਆਂਦਾ ਗਿਆ। ਇਹ ਦੋਵੇਂ ਲੜਕੀਆਂ ਥਾਈ ਬਾਕਸਿੰਗ ਤੋਂ ਇਲਾਵਾ ਕਰਾਟੇ,ਟਾਈ ਕਾਢੋ, ਵੂਸ਼ੋ ਦੀਆਂ ਗੇਮਾਂ ਵੀ ਖੇਡਦੀਆਂ ਹਨ। ਦੋਵਾਂ ਖਿਡਾਰਨਾਂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਹ ਮਾਰਚ ਵਿੱਚ ਗੋਆ ਖੇਡਣ ਜਾ ਰਹੀਆਂ ਹਨ ਅਤੇ ਮਈ ਮਹੀਨੇ ਵਿੱਚ ਯੂ ਐਸ ਏ ਅਤੇ ਉਹ ਪੈਸ਼ਨ ਟਾਈਗਰ ਅਕੈਡਮੀ ਤਰਨ ਤਾਰਨ ਦੇ ਸਹਿਯੋਗ ਨਾਲ ਗੇਮਾਂ ਵਿੱਚ ਮੱਲਾਂ ਮਾਰ ਰਹੀਆਂ ਹਨ। ਇਸ ਸਮੇਂ ਉਹਨਾਂ ਆਪਣੇ ਕੋਚ ਹਰਮੀਤ ਸਿੰਘ ਟਾਈਗਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਵੱਲੋਂ ਸਾਨੂੰ ਚੰਗੇ ਤਰੀਕੇ ਨਾਲ ਮਿਹਨਤ ਕਰਵਾਈ ਦਾ ਇਹ ਨਤੀਜਾ ਹੈ। ਇਸ ਸਮੇਂ ਦੋਵੇਂ ਖਿਡਾਰਨਾ ਕੇਰਲਾ ਤੋਂ ਆਉਣ ਤੋਂ ਬਾਅਦ ਪਹਿਲਾਂ ਗੁਰਦੁਆਰਾ ਸਾਹਿਬ ਨਤਮਸਤਕ ਹੋਈਆਂ ਅਤੇ ਫਿਰ ਘਰ ਗਈਆਂ। ਬੱਚਿਆਂ ਦੇ ਪਰਿਵਾਰਿਕ ਮੈਂਬਰਾਂ ਨੇ ਕਿਹਾ ਕਿ ਉਹ ਗਰੀਬ ਅਤੇ ਮੱਧ ਵਰਗ ਪਰਿਵਾਰ ਨਾਲ ਸਬੰਧ ਰੱਖਦੇ ਹਨ ਇਸ ਲਈ ਉਹਨਾਂ ਦੀਆਂ ਬੱਚੀਆਂ ਨੂੰ ਅੱਗੇ ਲਿਜਾਣ ਲਈ ਸਰਕਾਰ ਨੂੰ ਉਹਨਾਂ ਦੀ ਬਾਂਹ ਫੜਨੀ ਚਾਹੀਦੀ ਹੈ। ਇਸ ਸਮੇਂ ਪਿੰਡ ਦੇ ਸਾਬਕਾ ਸਰਪੰਚ ਗੁਰਮੇਜ ਸਿੰਘ ਨੇ ਜਿੱਥੇ ਬੱਚੀਆਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਉਥੇ ਹੀ ਉਨਾਂ ਸਰਕਾਰ ਪਾਸੋਂ ਖੇਡ ਕੋਟੇ ਵਿੱਚ ਬੱਚਿਆਂ ਨੂੰ ਇਲਾਕੇ ਜਿਲੇ ਅਤੇ ਪੰਜਾਬ ਦਾ ਨਾਮ ਰੌਸ਼ਨ ਕਰਨ ਤੇ ਨੌਕਰੀ ਦੀ ਮੰਗ ਵੀ ਕੀਤੀ। ਇਸ ਸਮੇਂ ਸਮੂਹ ਪਿੰਡ ਵਾਸੀਆਂ ਵੱਲੋਂ ਬੱਚਿਆਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ ਗਿਆ ਅਤੇ ਲੱਡੂਆਂ ਨਾਲ ਉਹਨਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ।

ਮੇਲਾ ਗੀਤਕਾਰਾਂ ਦਾ ਲਈ ਗੀਤਕਾਰਾਂ ਵਿੱਚ ਭਾਰੀ ਉਤਸ਼ਾਹ : ਗਾਮਾ ਸਿੱਧੂ

ਆਜ਼ਾਦ ਸੋਚ, ਰਮਨਦੀਪ ਕੁੱਲਗੜ੍ਹੀ, ਡਿਰੋਜ਼ਪੁਰ, 18 ਫਰਵਰੀ :

ਆਉਂਦੀ 22 ਫਰਵਰੀ ਨੂੰ ਪੰਜਾਬੀ ਭਵਨ ਲੁਧਿਆਣਾ ਵਿਖੇ ਗੀਤਕਾਰਾਂ ਦਾ ਮੇਲਾ ਧੂੰਮ-ਧਾਮ ਨਾਲ ਮਨਾਇਆ ਜਾ ਰਿਹਾ ਹੈ। ਸੰਸਾਰ ਚ ਪਹਿਲੀ ਵਾਰ ਗੀਤਾਂ ਦੇ ਰਚੇਤਾ ਇਕੱਠੇ ਹੋ ਕੇ ਜਿੱਥੇ ਰਿਸ਼ਤੇ ਮਜ਼ਬੂਤ ਕਰਨਗੇ ਓਥੇ ਗੀਤਕਾਰਾਂ ਦੀਆਂ ਮੁਸ਼ਕਿਲ